VIGILANCE BUREAU PUNJAB

# Vigilance Bureau nabs SDM steno for taking Rs 10000 bribe

Chandigarh, May 23 2024 -

The Punjab Vigilance Bureau (VB), during its ongoing campaign against corruption in the state, on Thursday, has apprehended Gurmeet Singh, posted as steno to SDM Ferozepur and resident of village Hasan Dhatt, Ferozepur district while he was accepting a bribe of Rs 10000.

Disclosing this here today an official spokesperson of the state VB said the above mentioned accused has been arrested on the basis of a complaint lodged by Harpreet Singh Kambo, a resident of village Bagha Purana in Moga district.

He further informed that the complainant has approached the VB and informed that said accused has demanded Rs 25000 for helping him to get transferred a share of residential house in the name of his sister as an application in this regard was pending in the office of SDM.

The spokesperson added that after preliminary verification of this complaint the VB team has laid a trap during which the said accused steno was caught red handed while accepting first instalment of bribe of Rs 10,000 from the complainant in the presence of two official witnesses.

He added that in this regard a case under Prevention of Corruption Act has been registered at VB police station economic offences wing, Ludhiana unit. The accused would be produced in the competent court tomorrow and further investigation into this case was under progress, he said.

--------

ਵਿਜੀਲੈਂਸ ਬਿਊਰੋ ਪੰਜਾਬ

## 10000 ਰੁਪਏ ਦੀ ਰਿਸ਼ਵਤ ਲੈਂਦਾ ਐਸਡੀਐਮ ਦਾ ਸਟੈਨੋ ਵਿਜੀਲੈਂਸ ਬਿਊਰੋ ਵੱਲੋਂ ਕਾਬੂ

ਚੰਡੀਗੜ੍ਹ, 23 ਮਈ 2024 -

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਦੌਰਾਨ ਵੀਰਵਾਰ ਨੂੰ ਐਸ.ਡੀ.ਐਮ ਫਿਰੋਜ਼ਪੁਰ ਨਾਲ ਤਾਇਨਾਤ ਸਟੈਨੋ ਗੁਰਮੀਤ ਸਿੰਘ ਵਾਸਿ ਪਿੰਡ ਹਸਨ ਢੱਟ, ਜ਼ਿਲ੍ਹਾ ਫਿਰੋਜ਼ਪੁਰ ਨੂੰ 10000 ਰੁਪਏ ਦੀ ਰਿਸ਼ਵਤ ਲੈਂਦਿਆਂ ਗ੍ਰਿਫਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਓਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਮੋਗਾ ਜ਼ਿਲ੍ਹੇ ਦੇ ਕਸਬਾ ਬਾਘਾ ਪੁਰਾਣਾ ਦੇ ਵਸਨੀਕ ਹਰਪ੍ਰੀਤ ਸਿੰਘ ਕੰਬੋ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਬੁਲਾਰੇ ਲੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਸੰਪਰਕ ਕਰਕੇ ਦੱਸਿਆ ਕਿ ਉਕਤ ਮੁਲਜ਼ਮ ਨੇ ਰਿਹਾਇਸ਼ੀ ਮਕਾਨ ਵਿੱਚੋਂ ਉਸ ਦੀ ਭੈਣ ਦੇ ਨਾਮ ਹਿੱਸਾ ਕਰਵਾਉਣ ਲਈ ਉਸ ਦੀ ਮੱਦਦ ਕਰਨ ਬਦਲੇ 25000 ਰੁਪਏ ਦੀ ਮੰਗ ਕੀਤੀ ਹੈ ਕਿਉਂਕਿ ਇਸ ਸਬੰਧੀ ਐਸਡੀਐਮ  ਦਫ਼ਤਰ ਵਿੱਚ ਅਰਜ਼ੀ ਲੰਬਿਤ ਪਈ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਪੜਤਾਲ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਕੇ ਉਕਤ ਸਟੈਨੋ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 10,000 ਰੁਪਏ ਰਿਸ਼ਵਤ ਦੀ ਪਹਿਲੀ ਕਿਸ਼ਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਉਨਾਂ ਦੱਸਿਆ ਕਿ ਇਸ ਸਬੰਧ ਵਿੱਚ ਵਿਜੀਲੈਂਸ ਬਿਊਰੋ ਦੇ ਥਾਣਾ ਆਰਥਿਕ ਅਪਰਾਧ ਸ਼ਾਖਾ ਲੁਧਿਆਣਾ ਯੂਨਿਟ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਬੁਲਾਰੇ ਨੇ ਅੱਗੇ ਦੱਸਿਆ ਕਿ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਕੇਸ ਸਬੰਧੀ ਅਗਲੇਰੀ ਕਾਰਵਾਈ ਜਾਰੀ ਹੈ।

---------